

www.BibleForChildren.org



ਯੂਹੰਨਾ 14

ਯਿਸੂ ਨੇ ਆਖਿਆ, “ਤੁਹਾਡਾ ਦਿਲ ਨਾ ਘਬਰਾਵੇ, ਪਰਮੇਸ਼ੁਰ ਉੱਤੇ ਭਰੋਸਾ ਕਰੋ ਅਤੇ ਮੇਰੇ ਉੱਤੇ ਵੀ ਭਰੋਸਾ ਕਰੋ। ਮੇਰੇ ਪਿਤਾ ਦੇ ਘਰ ਵਿੱਚ ਬਹੁਤ ਸਾਰੇ ਕਮਰੇ ਹਨ। ਜੇਕਰ ਇਹ ਸੱਚ ਨਾ ਹੁੰਦਾ ਤਾਂ ਮੈਂ ਤੁਹਾਨੂੰ ਨਾ ਕਹਿੰਦਾ। ਮੈਂ ਤੁਹਾਡੇ ਲਈ ਜਗ੍ਹਾ ਤਿਆਰ ਕਰਨ ਲਈ ਜਾ ਰਿਹਾ ਹਾਂ। ਉੱਥੇ ਜਾ ਕੇ ਤੇ ਤੁਹਾਡੇ ਲਈ ਜਗ੍ਹਾ ਤਿਆਰ ਕਰਨ ਤੋਂ ਬਾਅਦ, ਮੈਂ ਫੇਰ ਆਵਾਂਗਾ ਅਤੇ ਤੁਹਾਨੂੰ ਆਪਣੇ ਨਾਲ ਲੈ ਜਾਂਵਾਂਗਾ।”




ਮੈਂ ਯੂਹੰਨਾ, ਜੋ ਤੁਹਾਡਾ ਭਰਾ ਅਤੇ ਤੁਹਾਡੇ ਨਾਲ ਰਲ ਕੇ, ਉਸ
ਬਿਪਤਾ ਅਤੇ ਰਾਜ ਅਤੇ ਸਬਰ ਵਿੱਚ ਜੋ ਯਿਸੂ ਵਿੱਚ ਹੈ ਸਾਂਝੀ
ਹਾਂ, ਪਰਮੇਸ਼ੁਰ ਦੇ ਬਚਨ ਅਤੇ ਯਿਸੂ ਦੀ ਗਵਾਹੀ ਦੇਣ

ਦੇ ਕਾਰਨ ਉਸ ਟਾਪੂ ਵਿੱਚ ਸੀ, ਜਿਸ
ਨੂੰ ਪਾਤਮੁਸ ਕਿਹਾ ਜਾਂਦਾ ਹੈ।




ਉਸੇ ਤਰ੍ਹਾਂ ਹੀ ਮੈਂ ਆਤਮਾ ਵਿੱਚ ਆਇਆ ਤਦ ਕੀ ਵੇਖਦਾ ਹਾਂ ਕਿ ਸਵਰਗ ਵਿੱਚ ਇੱਕ ਸਿੰਘਾਸਣ ਰੱਖਿਆ ਹੋਇਆ ਹੈ ਅਤੇ ਉਸ ਸਿੰਘਾਸਣ ਉੱਤੇ ਕੋਈ ਬਿਰਾਜਮਾਨ ਹੈ।




ਹਰੇਕ ਰਚਨਾ ਨੂੰ ਜੋ ਸਵਰਗ ਵਿੱਚ ਅਤੇ ਧਰਤੀ ਉੱਤੇ ਅਤੇ ਧਰਤੀ ਦੇ ਹੇਠ ਅਤੇ
ਸਮੁੰਦਰ ਉੱਤੇ ਹੈ ਅਤੇ ਸੱਭੋ ਜੋ ਉਹਨਾਂ ਦੇ ਵਿੱਚ ਹਨ, ਮੈਂ ਇਹ
ਆਖਦੇ ਸੁਣਿਆ, ਜਿਹੜਾ ਸਿੰਘਾਸਣ ਉੱਤੇ
ਬਿਰਾਜਮਾਨ ਹੈ, ਉਹ ਦਾ ਅਤੇ ਲੇਲੇ ਦਾ
ਧੰਨਵਾਦ, ਮਾਣ, ਮਹਿਮਾ ਤੇ ਪਰਾਕਰਮ
ਜੁੱਗੋ-ਜੁੱਗ ਹੋਵੇ!




ਅਤੇ ਮੈਂ ਪਵਿੱਤਰ ਨਗਰੀ ਨਵੀਂ ਯਰੂਸ਼ਲਮ ਨੂੰ ਪਰਮੇਸ਼ੁਰ ਦੇ ਕੋਲੋਂ ਅਕਾਸ਼ ਤੋਂ ਉਤਰਦੀ ਹੋਈ ਵੇਖਿਆ, ਉਹ ਇਸ ਤਰ੍ਹਾਂ ਤਿਆਰ ਕੀਤੀ ਹੋਈ ਸੀ, ਜਿਵੇਂ ਲਾੜੀ ਆਪਣੇ ਲਾੜੇ ਲਈ ਸ਼ਿੰਗਾਰੀ ਹੋਈ ਹੋਵੇ। ਅਤੇ ਮੈਂ ਸਿੰਘਾਸਣ ਤੋਂ ਇੱਕ ਵੱਡੀ ਅਵਾਜ਼ ਇਹ ਆਖਦੇ ਸੁਣੀ ਕਿ ਵੇਖ, ਪਰਮੇਸ਼ੁਰ ਦਾ ਡੇਰਾ ਮਨੁੱਖਾਂ ਦੇ ਨਾਲ ਹੈ ਅਤੇ ਉਹ ਉਹਨਾਂ ਨਾਲ ਡੇਰਾ ਕਰੇਗਾ ਅਤੇ ਉਹ ਉਸ ਦੀ ਪਰਜਾ ਹੋਣਗੇ ਅਤੇ ਪਰਮੇਸ਼ੁਰ ਆਪ ਉਹਨਾਂ ਦਾ ਪਰਮੇਸ਼ੁਰ ਹੋ ਕੇ ਉਹਨਾਂ ਦੇ ਨਾਲ ਰਹੇਗਾ।



ਉਸ ਨੇ ਅੰਮ੍ਰਿਤ ਜਲ ਦੀ ਇੱਕ ਨਦੀ ਬਲੌਰ ਵਾਂਗੂੰ ਸਾਫ਼ ਪਰਮੇਸ਼ੁਰ ਅਤੇ ਲੇਲੇ ਦੇ ਸਿੰਘਾਸਣ ਵਿੱਚੋਂ ਨਿੱਕਲਦੀ, ਉਸ ਨਗਰੀ ਦੇ ਚੌਂਕ ਦੇ ਵਿਚਕਾਰ ਮੈਨੂੰ ਵਿਖਾਈ।



ਅਤੇ ਉਸ ਨਗਰੀ ਨੂੰ ਸੂਰਜ ਦੀ ਕੁਝ ਲੋੜ ਨਹੀਂ, ਨਾ ਚੰਦਰਮਾ ਦੀ ਕਿ ਉਹ ਉਸ ਉੱਤੇ ਚਮਕਣ ਕਿਉਂ ਜੋ ਪਰਮੇਸ਼ੁਰ ਦੇ ਤੇਜ ਨੇ ਉਹ ਨੂੰ ਚਾਨਣ ਕੀਤਾ ਅਤੇ ਲੇਲਾ ਉਹ ਦੀ ਜੋਤ ਹੈ।



ਪਰ ਕੋਈ ਅਪਵਿੱਤਰ ਵਸਤ ਜਾਂ ਕੋਈ ਘਿਣਾਉਣੇ ਕੰਮ ਕਰਨ ਵਾਲਾ ਅਤੇ
ਝੂਠਾ ਕੰਮ ਕਰਨ ਵਾਲਾ ਉਸ ਵਿੱਚ ਕਦੇ ਨਾ ਵੜੇਗਾ ਪਰ ਕੇਵਲ ਉਹ
ਜਿਹਨਾਂ ਦੇ ਨਾਮ ਲੇਲੇ ਦੀ ਜੀਵਨ ਦੀ
ਪੋਥੀ ਵਿੱਚ ਲਿਖੇ ਹੋਏ ਹਨ।




ਅਤੇ ਉਹ ਉਹਨਾਂ ਦੀਆਂ ਅੱਖੀਆਂ ਤੋਂ ਹਰੇਕ ਹੰਝੂ
ਪੂੰਝੇਗਾ ਅਤੇ ਹੁਣ ਅਗਾਹਾਂ ਨੂੰ ਮੌਤ ਨਾ ਹੋਵੇਗੀ ਨਾ
ਅਗਾਹਾਂ ਨੂੰ ਸੋਗ ਨਾ ਰੋਣਾ ਨਾ ਦੁੱਖ ਹੋਵੇਗਾ।
ਪਹਿਲੀਆਂ ਗੱਲਾਂ ਜਾਂਦੀਆਂ ਰਹੀਆਂ, ਅਤੇ ਉਹ
ਜਿਹੜਾ ਸਿੰਘਾਸਣ ਉੱਤੇ ਬਿਰਾਜਮਾਨ ਹੈ
ਬੋਲਿਆ, ਵੇਖ, ਮੈਂ ਸਭ ਕੁਝ ਨਵਾਂ ਬਣਾਉਂਦਾ ਹਾਂ,
ਅਤੇ ਉਸ ਨੇ ਆਖਿਆ, ਲਿਖ, ਕਿਉਂ ਜੋ ਇਹ
ਬਚਨ ਵਿਸ਼ਵਾਸਯੋਗ ਅਤੇ ਸੱਚ ਹਨ।




ਅਤੇ ਹੁਣ ਅਗਾਹਾਂ ਨੂੰ ਕੋਈ ਸਰਾਪ ਨਾ ਹੋਵੇਗਾ ਅਤੇ ਪਰਮੇਸ਼ੁਰ ਅਤੇ ਲੇਲੇ ਦਾ ਸਿੰਘਾਸਣ ਉਸ ਵਿੱਚ ਹੋਵੇਗਾ ਅਤੇ ਉਹ ਦੇ ਦਾਸ ਉਹ ਦੀ ਬੰਦਗੀ ਕਰਨਗੇ। ਅਤੇ ਉਹ ਦਾ ਦਰਸ਼ਣ ਪਾਉਣਗੇ ਅਤੇ ਉਹ ਦਾ ਨਾਮ ਉਹਨਾਂ ਦੇ ਮੱਥਿਆਂ ਉੱਤੇ ਹੋਵੇਗਾ।



ਅਤੇ ਮੈਂ ਮੁਰਦਿਆਂ ਨੂੰ ਕੀ ਵੱਡੇ ਕੀ ਛੋਟੇ ਸਿੰਘਾਸਣ ਦੇ ਅੱਗੇ ਖੜ੍ਹੇ ਵੇਖਿਆ,
ਅਤੇ ਪੋਥੀਆਂ ਖੋਲ੍ਹੀਆਂ ਗਈਆਂ ਅਤੇ ਇੱਕ ਹੋਰ ਪੋਥੀ ਜਿਹੜੀ ਜੀਵਨ ਦੀ
ਪੋਥੀ ਹੈ ਖੋਲ੍ਹੀ ਗਈ ਅਤੇ ਮੁਰਦਿਆਂ ਦਾ ਨਿਆਂ ਪੋਥੀਆਂ ਵਿੱਚ ਲਿਖੀਆਂ
ਹੋਈਆਂ ਗੱਲਾਂ ਤੋਂ ਉਨ੍ਹਾਂ ਦੇ ਕੰਮਾਂ ਦੇ ਅਨੁਸਾਰ ਕੀਤਾ ਗਿਆ। ਅਤੇ ਜੇਕਰ
ਕਿਸੇ ਦਾ ਨਾਮ ਜੀਵਨ ਦੀ ਪੋਥੀ ਵਿੱਚ ਲਿਖਿਆ ਹੋਇਆ
ਨਾ ਮਿਲਿਆ, ਤਾਂ ਉਹ ਅੱਗ ਦੀ ਝੀਲ ਵਿੱਚ
ਸੁੱਟਿਆ ਗਿਆ।



ਆਤਮਾ ਅਤੇ ਲਾੜੀ ਆਖਦੀ ਹੈ, ਆਓ! ਜਿਹੜਾ ਸੁਣਦਾ ਹੋਵੇ ਉਹ ਆਖੇ ਆਓ!
ਅਤੇ ਜਿਹੜਾ ਤਿਹਾਇਆ ਹੋਵੇ ਉਹ ਆਵੇ। ਜਿਹੜਾ ਚਾਹੇ ਉਹ ਅੰਮ੍ਰਿਤ
ਜਲ ਮੁਫ਼ਤ ਲਵੇ।



ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ
ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ
ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ
ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ
ਜੀਵਨ ਪ੍ਰਾਪਤ ਕਰੇ।

60

ਰੋਮੀਆਂ 3:23 ਕਿਉਂਕਿ ਸਭਨਾਂ ਨੇ ਪਾਪ ਕੀਤਾ ਅਤੇ ਪਰਮੇਸ਼ੁਰ ਦੀ ਮਹਿਮਾ ਤੋਂ ਰਹਿਤ ਹਨ।

ਰੋਮੀਆਂ 6:23 ਕਿਉਂਕਿ ਪਾਪ ਦੀ ਮਜ਼ਦੂਰੀ ਤਾਂ ਮੌਤ ਹੈ, ਪਰ ਪਰਮੇਸ਼ੁਰ ਦਾ ਵਰਦਾਨ ਸਾਡੇ ਪ੍ਰਭੂ ਮਸੀਹ ਯਿਸੂ ਵਿੱਚ ਸਦੀਪਕ ਜੀਵਨ ਹੈ।

ਇਬਰਾਨੀ 9:27 ਅਤੇ ਜਿਵੇਂ ਮਨੁੱਖਾਂ ਲਈ ਇੱਕ ਵਾਰ ਮਰਨਾ ਠਹਿਰਾਇਆ ਹੋਇਆ ਹੈ ਅਤੇ ਉਹ ਦੇ ਪਿੱਛੋਂ ਨਿਆਂ ਹੁੰਦਾ ਹੈ।

ਅਫ਼ਸੀਆਂ 2:8,9 ਕਿਉਂ ਜੋ ਤੁਸੀਂ ਕਿਰਪਾ ਤੋਂ ਵਿਸ਼ਵਾਸ ਦੇ ਰਾਹੀਂ ਬਚਾਏ ਗਏ ਅਤੇ ਇਹ ਤੁਹਾਡੀ ਵੱਲੋਂ ਨਹੀਂ, ਇਹ ਪਰਮੇਸ਼ੁਰ ਦੀ ਦਾਤ ਹੈ!
ਇਹ ਕਰਮਾਂ ਤੋਂ ਨਹੀਂ ਅਜਿਹਾ ਨਾ ਹੋਵੇ ਕਿ ਕੋਈ ਘਮੰਡ ਕਰੇ!

ਰੋਮੀਆਂ 10:9,10 ਕਿਉਂਕਿ ਜੇ ਤੂੰ ਆਪਣੇ ਮੂੰਹ ਨਾਲ ਪ੍ਰਭੂ ਯਿਸੂ ਦਾ ਇਕਰਾਰ ਕਰੇਂ ਅਤੇ ਆਪਣੇ ਦਿਲ ਨਾਲ ਮੰਨ ਲਵੇਂ ਜੋ ਪਰਮੇਸ਼ੁਰ ਨੇ ਉਹ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਹੈ, ਤਾਂ ਤੂੰ ਜ਼ਰੂਰ ਬਚਾਇਆ ਜਾਵੇਂਗਾ।
ਧਾਰਮਿਕਤਾ ਦੇ ਲਈ ਤਾਂ ਦਿਲ ਨਾਲ ਵਿਸ਼ਵਾਸ ਕੀਤਾ ਜਾਂਦਾ ਅਤੇ
ਮੁਕਤੀ ਲਈ ਮੂੰਹ ਨਾਲ ਇਕਰਾਰ ਕੀਤਾ ਜਾਂਦਾ ਹੈ।

ਯੂਹੰਨਾ 3:16,17 ਪਰਮੇਸ਼ੁਰ ਨੇ ਸੰਸਾਰ ਨੂੰ ਇੰਨ੍ਹਾਂ ਪਿਆਰ ਕੀਤਾ ਅਤੇ ਉਸ ਨੇ ਉਨ੍ਹਾਂ ਨੂੰ ਆਪਣਾ ਇੱਕਲੌਤਾ ਪੁੱਤਰ ਦੇ ਦਿੱਤਾ ਤਾਂ ਜੋ ਕੋਈ ਵੀ ਉਸ ਵਿੱਚ ਵਿਸ਼ਵਾਸ ਰੱਖੇ ਉਹ ਨਾਸ ਨਾ ਹੋਵੇ ਸਗੋਂ ਸਦੀਪਕ ਜੀਵਨ ਪ੍ਰਾਪਤ ਕਰੇ।
ਪਰਮੇਸ਼ੁਰ ਨੇ ਆਪਣੇ ਪੁੱਤਰ ਨੂੰ ਸੰਸਾਰ ਵਿੱਚ ਇਸ ਲਈ ਨਹੀਂ ਭੇਜਿਆ ਕਿ ਦੋਸ਼ੀ ਠਹਿਰਾਵੇ ਸਗੋਂ ਇਸ ਲਈ ਜੋ ਸੰਸਾਰ ਉਸ ਰਾਹੀਂ ਬਚਾਇਆ ਜਾਵੇ।

1 ਯੂਹੰਨਾ 5:11-13 ਅਤੇ ਉਹ ਗਵਾਹੀ ਇਹ ਹੈ ਕਿ ਪਰਮੇਸ਼ੁਰ ਨੇ ਸਾਨੂੰ ਸਦੀਪਕ ਜੀਵਨ ਦਿੱਤਾ ਅਤੇ ਇਹ ਜੀਵਨ ਉਹ ਦੇ ਪੁੱਤਰ ਦੇ ਵਿੱਚ ਹੈ।
ਜਿਸ ਦੇ ਕੋਲ ਪੁੱਤਰ ਹੈ, ਉਹ ਦੇ ਕੋਲ ਜੀਵਨ ਹੈ। ਜਿਹ ਦੇ ਕੋਲ ਪਰਮੇਸ਼ੁਰ ਦਾ ਪੁੱਤਰ ਨਹੀਂ ਹੈ, ਉਹ ਦੇ ਕੋਲ ਜੀਵਨ ਵੀ ਨਹੀਂ।
ਇਹ ਗੱਲਾਂ ਮੈਂ ਤੁਹਾਨੂੰ ਇਸ ਲਈ ਲਿਖੀਆਂ ਅਰਥਾਤ ਤੁਹਾਨੂੰ ਜਿਹੜੇ ਪਰਮੇਸ਼ੁਰ ਦੇ ਪੁੱਤਰ ਦੇ ਨਾਮ ਉੱਤੇ ਵਿਸ਼ਵਾਸ ਕਰਦੇ ਹੋ ਤਾਂ ਕਿ ਤੁਸੀਂ ਜਾਣੋ ਜੋ ਸਦੀਪਕ ਜੀਵਨ ਤੁਹਾਨੂੰ ਮਿਲਿਆ ਹੈ।

ਯੂਹੰਨਾ 14; 2 ਕੁਰਿੰਥੀ 5; ਪਰਕਾਸ਼ ਦੀ ਪੋਥੀ 4, 21, 22

Storyline by: Edward D. Hughes

Illustrated by: Lazarus
and Alastair Paterson

Adapted by: Sarah S.

Panjabi, Eastern Bible (pan) PNB-IRV Creative Commons License Indian Revised Version (IRV) - Punjabi (ਭਾਰਤੀ ਸੋਧਿਆ ਹੋਇਆ ਸੰਸਕਰਣ - ਪੰਜਾਬੀ), 2019 by Bridge Connectivity Solutions Pvt. Ltd.

https://live.bible.is/bible/PANDPI/GEN/1

©2026 Bible for Children, Inc.
www.M1914.org www.bibleforchildren.org